# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਵਾਰਡ ਨੰ: 15 ਦੀਆਂ ਮੁਸ਼ਕਲਾਂ ਸਬੰਧੀ ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਵਾਲਾ ਨੇ ਕੀਤਾ ਦੌਰਾ

ਹੁਸ਼ਿਆਰਪੁਰ 19 ਦਸੰਬਰ- ਨਗਰ ਨਿਗਮ ਹੁਸ਼ਿਆਰਪੁਰ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 15 ਦੇ ਮੁਹੱਲਾ ਸੁੰਦਰ ਨਗਰ ਵਿਖੇ ਮੁਹੱਲਾ ਵਾਸੀਆਂ ਦੀਆਂ ਸਮੱਸਿਆਵਾਂ ਸਬੰਧੀ ਵਿਸ਼ੇਸ਼ ਦੌਰਾ ਕੀਤਾ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਕੌਂਸਲਰ ਬਲਵਿੰਦਰ ਬਿੰਦੀ, ਵਿਨੋਦ ਪਰਮਾਰ, ਚੰਦਨ ਲੱਕੀ ਅਤੇ ਲਖਵੀਰ ਸਿੰਘ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ।ਇਸ ਮੌਕੇ ਤੇ ਮੇਅਰ ਸ਼ਿਵ ਸੂਦ ਨੂੰ ਮੁੱਹਲਾ ਨਿਵਾਸੀਆਂ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਸੀਵਰੇਜ਼ ਦੇ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਮੁੱਹਲਾ ਨਿਵਾਸੀਆਂ ਨੂੰ ਕਾਫੀ ਔਕੜ ਪੇਸ਼ ਆ ਰਹੀ ਹੈ। ਮੇਅਰ ਸ਼ਿਵ ਸੂਦ ਨੇ ਮੌਕੇ ਤੇ ਨਗਰ ਨਿਗਮ ਦੇ ਸਬੰਧਤ ਅਧਿਕਾਰੀਆਂ ਨੂੰ ਸੀਵਰੇਜ਼ ਦੀ ਸਮੱਸਿਆ ਹਲ ਕਰਨ ਦੀ ਹਦਾਇਤ ਕੀਤੀ।